# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10**

**ਮਿਤੀ : 16-03-2026**

ਪੰਜਾਬ ਵਿਧਾਨ ਸਭਾ ਵਿਚ ਬਜਟ ਇਜਲਾਸ ਦੌਰਾਨ ਅੱਜ ਸਦਨ ਦੀ ਕਾਰਵਾਈ ਵੱਖ ਵੱਖ ਮੁਦਿਆਂ ਤੇ ਚਰਚਾ ਨਾਲ ਸ਼ੁਰੂ ਹੋਈ। ਸੂਬੇ ਦੇ ਵੱਖ ਵੱਖ ਵਿਧਾਇਕਾਂ ਨੇ ਪ੍ਰਸ਼ਨ ਕਾਲ ਕਾਲ ਦੌਰਾਨ ਆਪੋ-ਆਪਣੇ ਹਲਕਿਆਂ ਨਾਲ ਸੰਬਧਤ ਸੱਮਸਿਆਵਾਂ ਅਤੇ ਲੰਬਿਤ ਮਾਮਲਿਆਂ ਦੇ ਮੁੱਦੇ ਉਠਾਏ। ਇਨਾ ਵਿਚ ਸਰਹੱਦ ਤੇ ਕੰਡਿਆਲੀ ਤਾਰ ਤੋਂ ਪਾਰ ਜਾਕੇ ਖੇਤੀ ਕਰਨ ਵਾਲੇ ਕਿਸਾਨਾਂ ਨੂੰ ਬਿਜਲੀ ਸਪਲਾਈ ਦੇਣ, ਬਕਾਇਆ ਪੁਲਾਂ ਦੇ ਕਾਮ , ਸਿਖਿਆ, ਸਿਹਤ, ਅਤੇ ਖੇਤੀ ਜਿਹੇ ਵਿਸ਼ੇ ਸ਼ਾਮਿਲ ਰਹੇ। ਖਬਰਾਂ ਲਿਖੇ ਜਾਣ ਤਕ ਕਾਰਵਾਈ ਜਾਰੀ ਸੀ।

---

ਪੰਜਾਬ ਵਿਚ ਆਮ ਆਦਮੀ ਪਾਰਟੀ ਸਰਕਾਰ ਦੇ ਕਾਰਜਕਾਲ ਦੇ ਅੱਜ 4 ਸਾਲ ਪੂਰੇ ਹੋ ਗਏ ਨੇ। ਇਸ ਮੌਕੇ ਚੰਡੀਗੜ੍ਹ 'ਚ ਇਕ ਪ੍ਰੈਸ ਕਾਨਫਰੰਸ ਵਿਚ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸਰਕਾਰ ਦੀਆਂ ਪ੍ਰਾਪਤੀਆਂ

ਅਤੇ ਹੁਣ ਤਕ ਪੂਰੇ ਕੀਤੇ ਕਾਰਜਾਂ ਬਾਰੇ ਕਿਤਾਬਚਾ " ਸ਼ਾਨਦਾਰ ਚਾਰ ਸਾਲ ਭਗਵੰਤ ਮਾਨ ਦੇ ਨਾਲ" ਜਾਰੀ ਕੀਤਾ। ਪ੍ਰਾਪਤੀਆਂ ਦਾ ਜ਼ਿਕਰ ਕਰਦਿਆਂ ਕਿਹਾ ਉਨ੍ਹਾਂ ਕਿਹਾ ਕਿ ਸਰਕਾਰ ਨੇ ਚੋਣ ਮਨੋਰਥ ਪੱਤਰ ਵਿਚ ਦਰਸਾਏ ਵਾਅਦੇ ਪੂਰੇ ਕੀਤੇ ਨੇ।

---

ਪੰਜਾਬ ਸਰਕਾਰ ਨੇ ਫਿਲਮ ਨਿਰਮਾਤਾਵਾਂ, ਭਾਰਤ ਅਤੇ ਵਿਦੇਸ਼ਾਂ ਦੇ ਰਚਨਾਤਮਕ ਲੋਕਾਂ , ਨਿਵੇਸ਼ਕਾਂ ਅਤੇ ਹੋਰ ਮੀਡੀਆ ਹਿੱਸੇਦਾਰਾਂ ਨੂੰ ਭਰੋਸੇ ਦੇ ਨਾਲ ਪੰਜਾਬ ਫਿਲਮ ਪ੍ਰਮੋਸ਼ਨ ਨੀਤੀ-2026 ਜਾਰੀ ਕੀਤੀ ਏ । ਇਸਦੇ ਤਹਿਤ ਸੂਬੇ ਵਿੱਚ ਸ਼ੂਟਿੰਗ ਲਈ ਇੱਕ ਸਿੰਗਲ-ਵਿੰਡੋ ਕਲੀਅਰੈਂਸ ਸਿਸਟਮ ਅਤੇ ਪੂਰੀਆਂ ਸਰਕਾਰੀ ਸਹੂਲਤਾਂ ਦਾ ਵੀ ਐਲਾਨ ਕੀਤਾ ਗਿਆ ਏ । ਸਰਕਾਰ ਮੋਹਾਲੀ ਵਿੱਚ ਇੱਕ ਫਿਲਮ ਸਿਟੀ ਵਿਕਸਤ ਕਰਨ ਅਤੇ ਫਿਲਮ ਨਿਰਮਾਣ ਵਿੱਚ ਹੁਨਰ ਵਿਕਾਸ ਨੂੰ ਉਤਸ਼ਾਹਿਤ ਕਰਨ ਲਈ ਵੀ ਕੰਮ ਕਰ ਰਹੀ ਹੈ। ਇਹ ਐਲਾਨ ਕੱਲ੍ਹ ਮੋਹਾਲੀ ਵਿੱਚ ਪ੍ਰਗਤੀਸ਼ੀਲ ਪੰਜਾਬ ਨਿਵੇਸ਼ ਸਮੇਲਨ 2026 ਵਿਖੇ ਮੀਡੀਆ ਅਤੇ ਮਨੋਰੰਜਨ ਸੈਸ਼ਨ 'ਤੇ ਇੱਕ ਪੈਨਲ ਚਰਚਾ ਦੌਰਾਨ ਕੀਤਾ ਗਿਆ। ਇਨਵੈਸਟ ਪੰਜਾਬ ਦੇ ਮੁੱਖ ਕਾਰਜਕਾਰੀ ਅਧਿਕਾਰੀ ਅਮਿਤ

ਢਾਕਾ ਨੇ ਕਿਹਾ ਕਿ ਪੰਜਾਬ ਰਾਜ ਵਿੱਚ ਬਣੀਆਂ ਫਿਲਮਾਂ, ਦਸਤਾਵੇਜ਼ੀ ਅਤੇ ਵੈੱਬ ਸੀਰੀਜ਼ ਲਈ 25 ਫੀਸਦੀ ਪੂੰਜੀ ਸਬਸਿਡੀ ਦੀ ਪੇਸ਼ਕਸ਼ ਕਰ ਰਿਹਾ ਏ। ਇਹ ਸਬਸਿਡੀ ਪ੍ਰਤੀ ਫਿਲਮ ਅਤੇ ਵੈੱਬ ਸੀਰੀਜ਼ ਵੱਧ ਤੋਂ ਵੱਧ 3 ਕਰੋੜ ਤੱਕ ਹੋਵੇਗੀ। ਇਸ ਦੌਰਾਨ, ਪੰਜਾਬੀ ਭਾਸ਼ਾ ਦੀਆਂ ਫਿਲਮਾਂ ਲਈ ਸਬਸਿਡੀ ਹੱਦ ਨਿਰਮਾਣ ਲਾਗਤ ਦਾ 30 ਫੀਸਦੀ ਹੋਵੇਗੀ, ਜਿਸਦੀ ਵੱਧ ਤੋਂ ਵੱਧ ਸੀਮਾ ਪ੍ਰਤੀ ਫਿਲਮ ਸਾਢੇ 3 ਕਰੋੜ ਹੋਵੇਗੀ। ਇਸ ਨੀਤੀ ਵਿੱਚ ਰਾਜ ਵਿੱਚ ਫਿਲਮ ਸਿਟੀ, ਫਿਲਮ ਸਟੂਡੀਓ, VFX ਸਟੂਡੀਓ ਅਤੇ ਸਿਖਲਾਈ ਸੰਸਥਾਵਾਂ ਸਥਾਪਤ ਕਰਨ ਲਈ 20 ਫੀਸਦੀ ਪੂੰਜੀ ਸਬਸਿਡੀ ਵੀ ਸ਼ਾਮਲ ਏ।

---

ਪੰਜਾਬ ਰਾਜ ਅਤੇ ਚੰਡੀਗੜ੍ਹ ਮਨੁੱਖੀ ਅਧਿਕਾਰ ਕਮਿਸ਼ਨ ਜਤਿੰਦਰ ਸਿੰਘ ਸ਼ੰਟੀ ਨੇ ਕਿਹਾ ਕਿ ਮਨੁੱਖੀ ਅਧਿਕਾਰਾਂ ਦੀ ਰਾਖੀ ਅਤੇ ਪੀੜਤਾਂ ਨੂੰ ਨਿਆਂ ਦਿਵਾਉਣ ਲਈ ਪੰਜਾਬ ਰਾਜ ਮਨੁੱਖੀ ਅਧਿਕਾਰ ਕਮਿਸ਼ਨ ਵਚਨਬੱਧ ਏ। ਕੱਲ ਫਰੀਦਕੋਟ ਵਿਖੇ ਜ਼ਿਲਾ ਪ੍ਰਬੰਧਕੀ ਕੰਪਲੈਕਸ ਵਿਖੇ ਅਧਿਕਾਰੀਆਂ , ਐਨ.ਜੀ.ਓਜ ਦੇ ਨੁਮਾਇੰਦਿਆਂ, ਤੇ ਸਰਪੰਚਾਂ ਨਾਲ ਮੀਟਿੰਗ ਦੌਰਾਨ ਉਨ੍ਹਾਂ ਦੱਸਿਆ ਕਿ ਕਮਿਸ਼ਨ ਵੱਲੋਂ ਮਨੁੱਖੀ ਅਧਿਕਾਰਾਂ

ਦੀ ਰਾਖੀ ਲਈ ਨਵੀਆਂ ਹਦਾਇਤਾਂ ਜਾਰੀਆਂ ਕੀਤੀਆਂ ਜਾ ਚੁੱਕੀਆਂ ਨੇ। ਉਨ੍ਹਾਂ ਦੱਸਿਆ ਕਿ ਕਿ ਕਮਿਸ਼ਨ ਵੱਲੋਂ ਰਾਜ ਭਰ ਦੇ ਸਾਰੇ ਜ਼ਿਲਿਆਂ ਵਿੱਚ 15 ਮੈਂਬਰੀ ਕੋਰ ਗਰੁੱਪਾਂ ਦਾ ਗਠਨ ਕੀਤਾ ਜਾ ਰਿਹਾ ਏ , ਜਿਸ ਵਿੱਚ ਜ਼ਿਲ੍ਹੇ ਦੀਆਂ ਸਮਾਜ ਸੇਵੀ ਸੰਸਥਾਵਾਂ ਦੇ ਨੁਮਾਇੰਦੇ ਸ਼ਾਮਲ ਹੋਣਗੇ ਤਾਂ ਕਿ ਪੀੜਤਾਂ ਨੂੰ ਤੁਰੰਤ ਨਿਆਂ ਦਿਵਾਇਆ ਜਾ ਸਕੇ। ਉਨ੍ਹਾਂ ਕਿਹਾ ਕਿ ਸਮਾਜ ਸੇਵੀ ਸੰਸਥਾਵਾਂ ਦੇ ਨੁਮਾਇੰਦੇ ਦਫ਼ਤਰੀ ਕੰਮਾਂ ਵਾਲੇ ਦਿਨ ਸੋਮਵਾਰ ਤੋਂ ਸ਼ੁੱਕਰਵਾਰ 11 ਤੋਂ 1 ਵਜੇ ਤੱਕ ਜ਼ਿਲ੍ਹੇ ਦੇ ਡਿਪਟੀ ਕਮਿਸ਼ਨਰ, ਵਧੀਕ ਡਿਪਟੀ ਕਮਿਸ਼ਨਰ ਤੇ ਡਿਪਟੀ ਕਮਿਸ਼ਨਰ ਦਫ਼ਤਰ ਦੇ ਨੁਮਾਇੰਦੇ ਨੂੰ ਮਿਲ ਸਕਦੇ ਹਨ। ਉਨ੍ਹਾਂ ਕਿਹਾ ਕਿ ਮਨੁੱਖੀ ਅਧਿਕਾਰਾਂ ਦੀ ਉਲੰਘਣਾ ਕਿਸੇ ਵੀ ਸੂਰਤ ਵਿੱਚ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਕਮਿਸ਼ਨ ਵੱਲੋਂ ਪਿਛਲੇ ਦਿਨੀਂ ਜਾਰੀ ਇੱਕ ਸਲਾਹ ਤਹਿਤ ਕੋਈ ਵੀ ਹਸਪਤਾਲ ਮਰੀਜ਼ ਦੀ ਮੌਤ ਹੋਣ ਮਗਰੋਂ ਹਸਪਤਾਲ ਦਾ ਬਿੱਲ ਨਾ ਦੇਣ ਦੇ ਮਾਮਲਿਆਂ ਵਿੱਚ ਮ੍ਰਿਤਕ ਦੇਹ ਨਹੀਂ ਰੱਖ ਸਕਦਾ ਤੇ ਸਬੰਧਤ ਪਰਿਵਾਰ ਨੂੰ ਮ੍ਰਿਤਕ ਦੇਹ ਦੇਣੀ ਲਾਜ਼ਮੀ ਕੀਤੀ ਗਈ ਏ । ਉਨ੍ਹਾਂ ਸਪੱਸ਼ਟ ਕੀਤਾ ਕਿ ਹਸਪਤਾਲ ਵਲੋਂ ਅਜਿਹਾ ਨਾ ਕਰਨ ਦੀ ਸੂਰਤ ਵਿਚ

ਪੁਲਿਸ ਮਾਮਲਾ ਦਰਜ ਕੀਤਾ ਜਾਵੇਗਾ । ਇਸ ਤੋਂ ਇਲਾਵਾ ਸਫਾਈ ਕਰਮਚਾਰੀਆਂ ਦੀ ਭਲਾਈ ਲਈ ਵੀ ਸਲਾਹ ਜਾਰੀ ਕੀਤੀ ਗਈ ਏ ਜਿਸ ਤਹਿਤ ਠੇਕੇਦਾਰਾਂ ਲਈ ਇਹ ਲਾਜ਼ਮੀ ਕੀਤਾ ਗਿਆ ਏ ਕਿ ਉਹ ਸਫਾਈ ਕਰਮਚਾਰੀਆਂ ਨੂੰ ਦਸਤਾਨੇ , ਕੱਪੜੇ , ਮਾਸਕ ਤੇ ਬੀਮਾ ਮੁਹੱਈਆ ਕਰਵਾਉਣਗੇ । ਉਨ੍ਹਾਂ ਕਿਹਾ ਕਿ ਜੇਕਰ ਕਿਤੇ ਵੀ ਮਨੁੱਖੀ ਅਧਿਕਾਰਾਂ ਦੀ ਉਲੰਘਣਾ ਹੁੰਦੀ ਏ ਤਾਂ ਇਸ ਸਬੰਧੀ ਲਿਖਤੀ ਸ਼ਿਕਾਇਤ ਵਟਸਐੱਪ ਨੰਬਰ 98554-75547 ਜਾਂ www.pshrc.net ਵੈੱਬਸਾਈਟ ਤੇ ਦਿੱਤੀ ਜਾਵੇ ਜਿਸ ਤੇ ਦੋ ਦਿਨਾਂ ਅੰਦਰ ਯਕੀਨਨ ਕਾਰਵਾਈ ਹੋਵੇਗੀ।

---------------------------------------------------------------------------

ਇਜ਼ਰਾਈਲ, ਅਮਰੀਕਾ ਅਤੇ ਈਰਾਨ ਵਿਚਕਾਰ ਚੱਲ ਰਹੀ ਜੰਗ ਕਾਰਨ ਪੱਛਮੀ ਏਸ਼ੀਆ ਵਿੱਚ ਵਧ ਰਹੇ ਤਣਾਅ ਦੇ ਵਿਚਕਾਰ, ਏਅਰ ਇੰਡੀਆ ਅਤੇ ਏਅਰ ਇੰਡੀਆ ਐਕਸਪ੍ਰੈਸ ਅੱਜ ਇਸ ਖੇਤਰ ਲਈ 48 ਉਡਾਣਾਂ ਚਲਾਉਣਗੀਆਂ। ਇਨਾ ਵਿਚੋਂ 10 ਉਡਾਣਾਂ ਦੇਸ਼ ਦੇ ਵੱਖ-ਵੱਖ ਸ਼ਹਿਰਾਂ ਅਤੇ ਜੇਦਾਹ ਵਿਚਕਾਰ ਅਤੇ 12 ਉਡਾਣਾਂ ਭਾਰਤ ਅਤੇ ਮਸਕਟ ਵਿਚਕਾਰ ਚੱਲਣਗੀਆਂ । ਏਅਰ ਇੰਡੀਆ ਨੇ ਇੱਕ ਪ੍ਰੈਸ ਬਿਆਨ ਵਿੱਚ

ਕਿਹਾ ਕਿ ਵਾਪਸੀ ਦੀਆਂ ਉਡਾਣਾਂ ਦਿੱਲੀ ਅਤੇ ਮੁੰਬਈ ਤੋਂ ਚੱਲਣਗੀਆਂ, ਜਦੋਂ ਕਿ ਏਅਰ ਇੰਡੀਆ ਐਕਸਪ੍ਰੈਸ ਬੰਗਲੁਰੂ, ਕੋਜ਼ੀਕੋਡ ਅਤੇ ਮੰਗਲੌਰ ਤੋਂ ਇੱਕ-ਇੱਕ ਉਡਾਣ ਚਲਾਏਗੀ। ਏਅਰ ਇੰਡੀਆ ਐਕਸਪ੍ਰੈਸ ਮਸਕਟ ਲਈ ਅਤੇ ਉੱਥੋਂ 12 ਉਡਾਣਾਂ ਚਲਾਏਗੀ। ਇਸ ਤੋਂ ਇਲਾਵਾ, ਦਿੱਲੀ, ਕੰਨੂਰ, ਮੁੰਬਈ ਅਤੇ ਤਿਰੂਵਨੰਤਪੁਰਮ ਤੋਂ ਇੱਕ-ਇੱਕ ਉਡਾਣ ਅਤੇ ਕੋਚੀ ਤੋਂ ਦੋ ਉਡਾਣਾਂ ਚਲਾਈਆਂ ਜਾਣਗੀਆਂ।

---

ਦੁਬਈ ਅੰਤਰਰਾਸ਼ਟਰੀ ਹਵਾਈ ਅੱਡੇ 'ਤੇ ਉਡਾਣਾਂ ਦੀ ਅਸਥਾਈ ਮੁਲਤਵੀ ਦੇ ਵਿਚਕਾਰ, ਏਅਰ ਇੰਡੀਆ ਅਤੇ ਏਅਰ ਇੰਡੀਆ ਐਕਸਪ੍ਰੈਸ ਦੀਆਂ ਦੁਬਈ ਆਉਣ ਅਤੇ ਜਾਣ ਵਾਲੀਆਂ ਉਡਾਣਾਂ ਰੱਦ ਕਰ ਦਿੱਤੀਆਂ ਗਈਆਂ ਹਨ। ਹਵਾਈ ਕੰਪਨੀ ਨੇ ਕਿਹਾ ਕਿ ਉਹ ਇਹ ਯਕੀਨੀ ਬਣਾ ਰਹੀ ਏ ਕਿ ਫਸੇ ਹੋਏ ਯਾਤਰੀਆਂ ਨੂੰ ਜਲਦੀ ਤੋਂ ਜਲਦੀ ਦੇਸ਼ ਵਾਪਸ ਭੇਜਿਆ ਜਾਵੇ। ਏਅਰ ਇੰਡੀਆ ਐਕਸਪ੍ਰੈਸ ਅਬੂ ਧਾਬੀ, ਰਸ ਅਲ ਖੈਮਾਹ ਅਤੇ ਸ਼ਾਰਜਾਹ ਲਈ ਅਤੇ ਜਾਣ ਵਾਲੀਆਂ ਉਡਾਣਾਂ ਚਲਾਉਣਾ ਜਾਰੀ ਰੱਖੇਗੀ।

---

ਪੰਜਾਬ ਭਰ ਵਿਚ ਬੀਤੀ ਦੇਰ ਰਾਤ ਤੋਂ ਤੇਜ਼ ਹਵਾਵਾਂ ਦੇ ਨਾਲ ਮੀਂਹ ਪੈ ਰਿਹਾ। ਪਠਾਨਕੋਟ ਸਮੇਤ ਹੋਰਨਾਂ ਕਈ ਜ਼ਿਲਿਆਂ ਵਿਚ ਲਗਾਤ ਭਾਰੀ ਵਰਖਾ ਹੋ ਰਹੀ ਏ ਰਹੀ ਏ ਜਦਕਿ ਫਰੀਦਕੋਟ ਵਿਚ ਗੜ੍ਹੇਮਾਰੀ ਹੋਈ ਤੇ ਜਲੰਧਰ ਸਮੇਤ ਹੋਰਨਾਂ ਕਈ ਥਾਵਾਂ ਤੇ ਰੁਕ-ਰੁਕ ਕੇ ਮੀਂਹ ਪੈ ਰਿਹਾ ਏ ਜਿਸ ਨਾਲ ਤਾਪਮਾਨ ਵਿਚ ਵੀ ਗਿਰਾਵਟ ਆਈ ਏ ।